**ਮਾਰੂ ॥ ਸੁਖ ਸਾਗਰ ਸੁਰਿਤਰੁ ਚਿੰਤਾਮਨਿ ਕਾਮਧੇਨ ਬਸਿ ਜਾ ਕੇ ਰੇ ॥ ਚਾਰਿ ਪਦਾਰਥ ਅਸਟ ਮਹਾ ਸਿਧਿ ਨਵ ਨਿਧਿ ਕਰ ਤਲ ਤਾ ਕੈ ॥੧॥ ਹਰਿ ਹਰਿ ਹਰਿ ਨ ਜਪਸਿ ਰਸਨਾ ॥ ਅਵਰ ਸਭ ਛਾਡਿ ਬਚਨ ਰਚਨਾ ॥੧॥ ਰਹਾਉ ॥ ਨਾਨਾ ਖਿਆਨ ਪੁਰਾਨ ਬੇਦ ਬਿਧਿ ਚਉਤੀਸ ਅਛਰ ਮਾਹੀ ॥ ਬਿਆਸ ਬੀਚਾਰਿ ਕਹਿਓ ਪਰਮਾਰਥੁ ਰਾਮ ਨਾਮ ਸਰਿ ਨਾਹੀ ॥੨॥ ਸਹਜ ਸਮਾਧਿ ਉਪਾਧਿ ਰਹਤ ਹੋਇ ਬਡੇ ਭਾਗਿ ਲਿਵ ਲਾਗੀ ॥ ਕਹਿ ਰਵਿਦਾਸ ਉਦਾਸ ਦਾਸ ਮਤਿ ਜਨਮ ਮਰਨ ਭੈ ਭਾਗੀ ॥੩॥੨॥੧੫॥** {ਪੰਨਾ 1106}

ਨੋਟ:- ਰਵਿਦਾਸ ਜੀ ਦਾ ਇਹ ਸ਼ਬਦ ਥੋੜੇ ਜਿਹੇ ਫ਼ਰਕ ਨਾਲ ਸੋਰਠਿ ਰਾਗ ਵਿਚ ਭੀ ਹੈ। ਇਸ ਦਾ ਭਾਵ ਇਹ ਹੈ ਕਿ ਇਹ ਸ਼ਬਦ ਦੋਹਾਂ ਰਾਗਾਂ ਵਿਚ ਗਾਵਿਆਂ ਜਾਣਾ ਚਾਹੀਦਾ ਹੈ। ਇਸ ਸ਼ਬਦ ਦੇ ਪਦ ਅਰਥ ਵੇਖੋ ਸੋਰਠਿ ਰਾਗ ਵਿਚ ਸ਼ਬਦ ਨੰ: 4, ਰਵਿਦਾਸ ਜੀ ਦਾ।

ਅਰਥ:- (ਹੇ ਪੰਡਿਤ) ਜੋ ਪ੍ਰਭੂ ਸੁਖਾਂ ਦਾ ਸਮੁੰਦਰ ਹੈ, ਜਿਸ ਪ੍ਰਭੂ ਦੇ ਵੱਸ ਵਿਚ ਸੁਰਗ ਦੇ ਪੰਜ ਰੁੱਖ, ਚਿੰਤਾਮਣਿ ਅਤੇ ਕਾਮਧੇਨ ਹਨ; ਧਰਮ ਅਰਥ ਕਾਮ ਮੋਖ ਚਾਰੇ ਪਦਾਰਥ, ਅੱਠ ਵੱਡੀਆਂ ਅਤੇ ਨੌ ਨਿਧੀਆਂ ਇਹ ਸਭ ਉਸੇ ਦੇ ਹੱਥਾਂ ਦੀਆਂ ਤਲੀਆਂ ਉਤੇ ਹਨ।1।

(ਹੇ ਪੰਡਿਤ!) ਤੂੰ ਹੋਰ ਸਭ ਫੋਕੀਆਂ ਗੱਲਾਂ ਛੱਡ ਕੇ (ਆਪਣੀ) ਜੀਭ ਨਾਲ ਸਦਾ ਇਕ ਪਰਮਾਤਮਾ ਦਾ ਨਾਮ ਕਿਉਂ ਨਹੀਂ ਜਪਦਾ?।1। ਰਹਾਉ।

(ਹੇ ਪੰਡਿਤ!) ਪੁਰਾਣਾਂ ਦੇ ਅਨੇਕਾਂ ਕਿਸਮਾਂ ਦੇ ਪ੍ਰਸੰਗ, ਵੇਦਾਂ ਦੀਆਂ ਦੱਸੀਆਂ ਹੋਈਆਂ ਵਿਧੀਆਂ ਇਹ ਸਭ ਵਾਕ-ਰਚਨਾ ਹੀ ਹਨ (ਅਨੁਭਵੀ ਗਿਆਨ ਨਹੀਂ ਹੈ ਜੋ ਪ੍ਰਭੂ ਦੇ ਚਰਨਾਂ ਵਿਚ ਜੁੜਿਆਂ ਹਿਰਦੇ ਵਿਚ ਪੈਦਾ ਹੁੰਦਾ ਹੈ)। (ਹੇ ਪੰਡਿਤ! ਵੇਦਾਂ ਦੇ ਖੋਜੀ) ਵਿਆਸ ਰਿਸ਼ੀ ਨੇ ਸੋਚ ਵਿਚਾਰ ਕੇ ਇਹੀ ਪਰਮ ਤੱਤ ਦੱਸਿਆ ਹੈ ਕਿ ਇਹਨਾਂ ਪੁਸਤਕਾਂ ਦੇ ਪਾਠ ਆਦਿਕ) ਪਰਮਾਤਮਾ ਦੇ ਨਾਮ ਦਾ ਸਿਮਰਨ ਕਰਨ ਦੀ ਬਰਾਬਰੀ ਨਹੀਂ ਕਰ ਸਕਦੇ।2।

ਰਵਿਦਾਸ ਆਖਦਾ ਹੈ—(ਹੇ ਪੰਡਿਤ!) ਵੱਡੀ ਕਿਸਮਤਿ ਨਾਲ ਜਿਸ ਮਨੁੱਖ ਦੀ ਸੁਰਤਿ ਪ੍ਰਭੂ-ਚਰਨਾਂ ਵਿਚ ਜੁੜਦੀ ਹੈ, ਉਸ ਦਾ ਮਨ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਕੋਈ ਵਿਕਾਰ ਉਸ ਵਿਚ ਨਹੀਂ ਉਠਦਾ, ਉਸ ਸੇਵਕ ਦੀ ਮੱਤ (ਮਾਇਆ ਵਲੋਂ) ਨਿਰਮੋਹ ਰਹਿੰਦੀ ਹੈ, ਤੇ, ਜਨਮ ਮਰਨ (ਭਾਵ, ਸਾਰੀ ਉਮਰ) ਦੇ ਉਸ ਦੇ ਡਰ ਨਾਸ ਹੋ ਜਾਂਦੇ ਹਨ।3।2।15।

ਸ਼ਬਦ ਦਾ ਭਾਵ:- ਸਭ ਪਦਾਰਥਾਂ ਦਾ ਦਾਤਾ ਪ੍ਰਭੂ ਆਪ ਹੈ। ਉਸ ਦਾ ਸਿਮਰਨ ਕਰੋ, ਕੋਈ ਭੁੱਖ ਨਹੀਂ

ਰਹਿ ਜਾਇਗੀ।